ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ
ਸਿਵਲ ਹਸਪਤਾਲ ’ਚ ਆਧੁਨਿਕ ਹੈਂਡਵਾਸ਼ ਮਸ਼ੀਨ ਸਥਾਪਿਤ
ਡਿਪਟੀ ਕਮਿਸ਼ਨਰ ਨੇ ਕੀਤਾ ਉਦਘਾਟਨ
ਜਨਤਕ ਥਾਵਾਂ ’ਤੇ ਛੇਤੀ ਹੀ ਲਾਈਆਂ ਜਾਣਗੀਆਂ ਹੋਰ ਮਸ਼ੀਨਾਂ
ਸਿਵਲ ਹਸਪਤਾਲ ਵਿਖੇ ਮਰੀਜ਼ਾਂ ਨੂੰ ਮਾਸਕ ਵੀ ਵੰਡੇ

ਬਰਨਾਲਾ, **15** ਅਪਰੈਲ
ਕਰੋਨਾ ਵਾਇਰਸ ਤੋਂ ਬਚਾਅ ਲਈ ਸਭ ਤੋਂ ਵੱਡਾ ਨੁਕਤਾ ਚੰਗੀ ਤਰਾਂ ਹੱਥ ਧੋਣਾ ਹੈ ਤੇ ਇਸੇ ਨੁਕਤੇ ਤਹਿਤ ਉਪਰਾਲੇ ਜਾਰੀ ਹਨ। ਹੁਣ ਜ਼ਿਲਾ ਪ੍ਰਸ਼ਾਸਨ ਨੇ ਪਹਿਲ ਕਰਦੇ ਹੋਏ ਸਿਵਲ ਹਸਪਤਾਲ ਬਰਨਾਲਾ ਦੇ ਨਵੇਂ ਜ਼ੱਚਾ-ਬੱਚਾ ਵਿੰਗ ’ਚ ਹੱਥ ਧੋਣ ਵਾਲੀ ਆਟੋਮੈਟਿਕ ਮਸ਼ੀਨ ਸਥਾਪਿਤ ਕੀਤੀ ਹੈ, ਜਿਸ ਦਾ ਉਦਘਾਟਨ ਅੱਜ ਡਿਪਟੀ ਕਮਿਸ਼ਨਰ ਬਰਨਾਲਾ ਸ. ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਰੂਹੀ ਦੁੱਗ, ਐਸਡੀਐਮ ਅਨਮੋਲ ਸਿੰਘ ਧਾਲੀਵਾਲ ਤੇ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਵੀ ਹਾਜ਼ਰ ਸਨ।
ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਕਿਹਾ ਕਿ ਕਰੋਨਾ ਵਾਇਰਸ ਤੋਂ ਬਚਾਅ ਲਈ ਸਮੇਂ ਸਮੇਂ ’ਤੇ ਹੱਥ ਧੋਣਾ ਬਹੁਤ ਜ਼ਰੂਰੀ ਹੈ। ਇਸੇ ਤਹਿਤ ਨਗਰ ਕੌਂਸਲ ਬਰਨਾਲਾ ਰਾਹੀਂ ਹੱਥ ਧੋਣ ਵਾਲੀ ਆਟੋਮੈਟਿਕ ਮਸ਼ੀਨ ਸਿਵਲ ਹਸਪਤਾਲ ਦੇ ਨਵੇਂ ਜ਼ੱਚਾ-ਬੱਚਾ ਵਿੰਗ ਵਿਚ ਲਾਈ ਗਈ ਹੈ। ਇਸ ਮਸ਼ੀਨ ਦੇ ਦੋ ਪੈਡਲ ਲਾਏ ਗਏ ਹਨ। ਇਕ ਪੈਡਮ ਨੂੰ ਪੈਰ ਨਾਲ ਦਬਾਉਣ ’ਤੇ ਪਾਣੀ ਅਤੇ ਇਕ ਪੈਡਲ ਨਾਲ ਹੈਂਡ ਵਾਸ਼ ਦਾ ਪ੍ਰਬੰਧ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਅਜਿਹੀਆਂ ਕਰੀਬ **10** ਹੋਰ ਮਸ਼ੀਨਾਂ ਵੱਖ ਵੱਖ ਥਾਵਾਂ ’ਤੇ ਲਾਉਣ ਦਾ ਟੀਚਾ ਹੈ ਤਾਂ ਜੋ ਜਨਤਕ ਥਾਵਾਂ ’ਤੇ ਲੋਕਾਂ ਵੱਲੋ ਹੱਥ ਧੋਤੇ ਜਾਣਾ ਯਕੀਨੀ ਬਣਾਇਆ ਜਾਵੇ।
ਇਸ ਮੌਕੇ ਐਸਡੀਐਮ ਅਨਮੋਲ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹ ਮਸ਼ੀਨ ਵਿਸ਼ੇਸ਼ ਡਿਜਾਇਨ ਦੇਖ ਕੇ ਖੁਦ ਤਿਆਰ ਕਰਵਾਈ ਗਈ ਹੈ, ਜਿਸ ’ਤੇ ਲਗਭਗ **8** ਹਜ਼ਾਰ ਰੁਪਏ ਦੀ ਲਾਗਤ ਆਈ ਹੈ ਤੇ ਹੁਣ ਵੱਖ ਵੱਖ ਥਾਵਾਂ ਜਿਵੇਂ ਸਬਜ਼ੀ ਮੰਡੀ, ਜ਼ਿਲਾ ਪ੍ਰਬੰਧਕੀ ਕੰਪਲੈਕਸ ਤੇ ਹੋਰ ਥਾਵਾਂ ਜਿੱਥੇ ਲੋਕਾਂ ਦੀ ਜ਼ਿਆਦਾ ਆਮਦ ਹੈ, ਉਥੇ ਲਵਾਈਆਂ ਜਾਣਗੀਆਂ। ਇਸ ਮੌਕੇ ਸਿਵਲ ਹਸਪਤਾਲ ਵਿਖੇ ਆਉਣ ਵਾਲਿਆਂ ਨੂੰ ਮਾਸਕ ਵੀ ਦਿੱਤੇ ਗਏ। ਇਸ ਮੌਕੇ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਮਨਪ੍ਰੀਤ ਸਿੰਘ ਸਿੱਧੂ, ਸੈਨੇਟਰੀ ਇੰਸਪੈਕਟਰ ਅੰਕੁਸ਼, ਬੀਸੀਸੀ ਕੋਆਰਡੀਨੇਟਰ ਹਰਜੀਤ ਸਿੰਘ ਤੇ ਹੋਰ ਹਾਜ਼ਰ ਸਨ।

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ
ਜ਼ਿਲਾ ਬਰਨਾਲਾ ਵਿਚ **35** ਹਜ਼ਾਰ ਲੋੜਵੰਦ ਪਰਿਵਾਰਾਂ ਤੱਕ ਪੁੱਜਿਆ ਰਾਸ਼ਨ
ਜ਼ਿਲਾ ਪ੍ਰਸ਼ਾਸਨ ਨੇ ਵੱਖ ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਵੰਡੀਆਂ **35,213** ਕਿੱਟਾਂ**:** ਡਿਪਟੀ ਕਮਿਸ਼ਨਰ
ਪੰਚਾਇਤਾਂ ਤੇ ਐਨਜੀਓਜ਼ ਰਾਹੀਂ **21,049** ਵਿਅਕਤੀਆਂ ਤੱਕ ਪੁੱਜਿਆ ਪੱਕਿਆ ਭੋਜਨ
ਰੈੱਡ ਕ੍ਰਾਸ ਸੁਸਾਇਟੀ, ਐਨਜੀਓਜ਼, ਦਾਨੀ ਸੰਸਥਾਵਾਂ ਤੇ ਸਬੰਧਤ ਵਿਭਾਗ ਲੋੜਵੰਦਾਂ ਦੀ ਮਦਦ ’ਚ ਡਟੇ
ਬਰਨਾਲਾ, **15** ਅਪਰੈਲ
ਕਰੋਨਾ ਵਾਇਸਰ ਤੋਂ ਬਚਾਅ ਲਈ ਜ਼ਿਲੇ ਵਿਚ ਲਗਾਏ ਕਰਫਿਊ ਦੌਰਾਨ ਗਰੀਬ ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਪਹੁੰਚਾਉਣ ਲਈ ਜ਼ਿਲਾ ਪ੍ਰਸ਼ਾਸਨ ਵੱਲੋਂ ਉਪਰਾਲੇ ਜਾਰੀ ਹਨ। ਜ਼ਿਲੇ ਵਿੱਚ ਕਰਫਿਊ/ਤਾਲਾਬੰਦੀ ਤੋਂ ਲੈ ਕੇ ਹੁਣ ਤੱਕ ਦਾਨੀ ਸੰਸਥਾਵਾਂ ਤੇ ਹੋਰ ਧਿਰਾਂ ਦੇ ਸਹਿਯੋਗ ਨਾਲ ਲਗਭਗ **35** ਹਜ਼ਾਰ ਤੋਂ ਵੱਧ ਰਾਸ਼ਨ ਦੀਆਂ ਕਿੱਟਾਂ ਘਰ ਘਰ ਵੰਡੀਆਂ ਜਾ ਚੁੱਕੀਆਂ ਹਨ।
ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਜ਼ਿਲੇ ਦੇ ਅਸਲ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਪੱਖੋਂ ਕੋਈ ਦਿੱਕਤ ਨਾ ਆਵੇ, ਇਸ ਵਾਸਤੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨਾਂ ਦੱਸਿਆ ਕਿ **14** ਅਪਰੈਲ ਤੱਕ ਜ਼ਿਲੇ ਵਿੱਚ ਸੁੱਕੇ ਰਾਸ਼ਨ ਦੀਆਂ **35,213** ਕਿੱਟਾਂ ਵੰਡੀਆਂ ਜਾ ਚੁੱਕੀਆਂ ਹਨ। ਉਨਾਂ ਦੱਸਿਆ ਕਿ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਰਾਹੀਂ **14,097** ਕਿੱਟਾਂ, ਪੰਚਾਇਤਾਂ ਰਾਹੀਂ **3170** ਕਿੱਟਾਂ, ਨਗਰ ਕੌਂਸਲਾਂ ਰਾਹੀਂ **3355** ਕਿੱਟਾਂ, ਰੈੱਡ ਕ੍ਰਾਸ ਰਾਹੀਂ **1894** ਕਿੱਟਾਂ, ਐਨਜੀਓਜ਼ ਰਾਹੀਂ **6577** ਕਿੱਟਾਂ, ਪੁਲੀਸ ਰਾਹੀਂ **6120** ਕਿੱਟਾਂ ਰਾਸ਼ਨ ਦੀ ਵੰਡ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਪੱਕਿਆ ਹੋਇਆ ਖਾਣਾ **21,049** ਵਿਅਕਤੀਆਂ ਤੱਕ ਪੁੱਜਿਆ ਹੈ, ਜੋ ਵੱਖ ਵੱਖ ਐਨਜੀਓਜ਼ ਅਤੇ ਪੰਚਾਇਤਾਂ ਰਾਹੀਂ ਲੋੜਵੰਦਾਂ ਨੂੰ ਪਹੁੰਚਾਇਆ ਗਿਆ ਹੈ। ਇਸ ਵਿਚੋਂ ਐਨਜੀਓਜ਼ ਰਾਹੀਂ **17,186** ਅਤੇ ਪਿੰਡਾਂ ’ਚ ਪੰਚਾਇਤਾਂ ਰਾਹੀਂ **3863** ਵਿਅਕਤੀਆਂ ਤੱਕ ਪੱਕਿਆ ਹੋਇਆ ਭੋਜਨ ਪਹੁੰਚਾਇਆ ਜਾ ਚੁੱਕਿਆ ਹੈ।
ਉਨਾਂ ਸਮਾਜ ਸੇਵੀ ਸੰਸਥਾਵਾਂ, ਐਨਜੀਓਜ਼ ਤੇ ਦਾਨੀ ਸੱਜਣਾਂ ਵੱਲੋਂ ਜ਼ਿਲਾ ਪ੍ਰਸ਼ਾਸਨ ਦੇ ਕੀਤੇ ਜਾ ਰਹੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਖ ਵੱਖ ਸੰਸਥਾਵਾਂ ਵੱਲੋਂ ਆਪਣੇ ਆਪਣੇ ਖੇਤਰਾਂ ਵਿੱਚ ਬਾਖੂਬੀ ਮਨੁੱਖਤਾ ਦੀ ਭਲਾਈ ਦਾ ਇਹ ਕਾਰਜ ਨਿਭਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜਿੱਥੇ ਪਿੰਡਾਂ ਵਿਚ ਸਮਾਰਟ ਰਾਸ਼ਨ ਕਾਰਡ ਸਕੀਮ ਤੋਂ ਵਾਂਝੇ ਪਰਿਵਾਰਾਂ ਤੇ ਹੋਰ ਲੋੜਵੰਦਾਂ ਨੂੰ ਰਾਸ਼ਨ ਦੀ ਵੰਡ ਪੇਂਡੂ ਵਿਕਾਸ ਵਿਭਾਗ ਰਾਹੀਂ ਕੀਤੀ ਜਾ ਰਹੀ ਹੈ, ਉਥੇ ਸ਼ਹਿਰਾਂ ਵਿਚ ਨਗਰ ਕੌਂਸਲਾਂ, ਸਮਾਜਸੇਵੀ ਸੰਸਥਾਵਾਂ ਤੇ ਰੈੱਡ ਕ੍ਰਾਸ ਸੁਸਾਇਟੀ ਰਾਹੀਂ ਕੀਤੀ ਜਾ ਰਹੀ ਹੈ।
ਉਨਾਂ ਦੱਸਿਆ ਕਿ ਜ਼ਿਲਾ ਪੱਧਰੀ ਕੰਟਰੋਲ ਰੂਮ ’ਤੇ ਰਾਸ਼ਨ ਦੀ ਮੰਗ ਸਬੰਧੀ ਮਾਮਲਿਆਂ ਵਿਚ ਢੁਕਵੀਂ ਜਾਣਕਾਰੀ ਪ੍ਰਾਪਤ ਕਰਨ ਮਗਰੋਂ ਜ਼ਿਲਾ ਰੈੱਡ ਕ੍ਰਾਸ ਸੁਸਾਇਟੀ ਨੂੰ ਅਸਲ ਲੋੜਵੰਦਾਂ ਦੀਆਂ ਸੂਚੀਆਂ ਭੇਜੀਆਂ ਜਾਂਦੀਆਂ ਹਨ, ਜਿਸ ਮਗਰੋਂ ਰੈੱਡ ਕ੍ਰਾਸ ਵਲੰਟੀਅਰ ਘਰੋ-ਘਰੋ ਲੋੜਵੰਦਾਂ ਨੂੰ ਰਾਸ਼ਨ ਪਹੁੰਚਾਉਂਦੇ ਹਨ। ਉਨਾਂ ਆਖਿਆ ਕਿ ਜ਼ਿਲੇ ਵਿਚ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਜੇਕਰ ਇਸ ਦੇ ਬਾਵਜੂਦ ਕੋਈ ਲੋੜਵੰਦ ਪਰਿਵਾਰ ਨੂੰ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਹ ਜ਼ਿਲਾ ਪੱਧਰੀ ਕੰਟਰੋਲ ਰੂਮ ਦੇ ਨੰਬਰ **01679-230032** ਜਾਂ **99152-740332** ’ਤੇ ਸੰਪਰਕ ਕਰ ਸਕਦਾ ਹੈ।

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ
ਬਰਨਾਲਾ ਜ਼ਿਲੇ ਵਿਚ **200** ਮੀਟ੍ਰਿਕ ਟਨ ਕਣਕ ਦੀ ਆਮਦ
ਸਰਕਾਰੀ ਖਰੀਦ ਸ਼ੁਰੂ, ਧਨੌਲਾ ਮੰਡੀ ਵਿਚ ਪੁੱਜੇ ਪਹਿਲੇ ਕਿਸਾਨ ਦਾ ਸਨਮਾਨ

ਬਰਨਾਲਾ, **15** ਅਪਰੈਲ
ਪੰਜਾਬ ਸਰਕਾਰ ਵੱਲੋਂ ਸਰਕਾਰੀ ਖਰੀਦ ਦੀ ਅੱਜ ਤੋਂ ਸ਼ੁਰੂਆਤ ਹੋ ਗਈ ਹੈ। ਇਸੇ ਤਹਿਤ ਜ਼ਿਲਾ ਬਰਨਾਲਾ ਵੀ ਕਣਕ ਦੀ ਆਮਦ ਤੇ ਸਰਕਾਰੀ ਖਰੀਦ ਅੱਜ ਸ਼ੁਰੂ ਹੋ ਗਈ ਹੈ।
ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਬਰਨਾਲਾ ਸ. ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਜਿਹੜੇ ਕਿਸਾਨਾਂ ਨੂੰ ਆੜਤੀਆਂ ਰਾਹੀਂ ਪਾਸ ਜਾਰੀ ਕੀਤੇ ਗਏ ਸਨ, ਅੱਜ ਉਹ ਮੰਡੀਆਂ ਵਿਚ ਆਪਣੀ ਜਿਣਸ ਲੈ ਕੇ ਆਏ। ਇਸ ਤਹਿਤ ਧਨੌਲਾ ਦੀ ਅਨਾਜ ਮੰਡੀ ਵਿਚ ਕਣਕ ਲੈ ਕੇ ਪੁੱਜੇ ਪਹਿਲੇ ਕਿਸਾਨ ਹਰਦੇਵ ਸਿੰਘ ਪੁੱਤਰ ਪਿਆਰਾ ਸਿੰਘ ਦਾ ਮੰਡੀ ਅਧਿਕਾਰੀਆਂ ਵੱਲੋਂ ਗਲ ਵਿਚ ਹਾਰ ਪਾ ਕੇ ਸਵਾਗਤ ਕੀਤਾ ਗਿਆ। ਉਨਾਂ ਦੱਸਿਆ ਕਿ ਅੱਜ ਸ਼ਾਮ ਤੱਕ ਜ਼ਿਲੇ ਦੀਆਂ ਮੰਡੀਆਂ ਵਿਚ **200** ਮੀਟ੍ਰਿਕ ਟਨ ਕਣਕ ਦੀ ਆਮਦ ਹੋਈ, ਜਿਸ ਵਿਚੋਂ ਪਨਗਰੇਨ ਅਤੇ ਮਾਰਕਫੈਡ ਵੱਲੋਂ **50** ਮੀਟ੍ਰਿਕ ਟਨ ਕਣਕ ਖਰੀਦੀ ਗਈ।
ਧਨੌਲਾ ਮੰਡੀ ਪੁੱਜੇ ਕਿਸਾਨ ਹਰਦੇਵ ਸਿੰਘ, ਜਸਪਾਲ ਸਿੰਘ, ਮੱਗਰ ਸਿੰਘ, ਸੁਖਦੇਵ ਸਿੰਘ, ਗੁਰਜੰਟ ਸਿੰਘ ਆਦਿ ਕਿਸਾਨਾਂ ਦੀ ਫਸਲ ਅੱਜ ਖਰੀਦੀ ਗਈ। ਉਨਾਂ ਦੱਸਿਆ ਕਿ ਮੰਡੀਆਂ ਵਿਚ ਬਿਜਲੀ, ਪਾਣੀ, ਹੱਥ ਧੋਣ, ਸੈਨੇਟਾਈਜ਼ ਕਰਨ ਦੇ ਪ੍ਰਬੰਧ ਕੀਤੇ ਗਏ ਹਨ। ਇਸ ਦੌਰਾਨ ਕਿਸਾਨਾਂ ਅਤੇ ਕਿਰਤੀਆਂ ਨੂੰ ਸਮਾਜਿਕ ਦੂਰੀ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ ਗਿਆ ਹੈ।